# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-12-2024**

1 – ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਪ੍ਰਯਾਗਰਾਜ ਦਾ ਦੌਰਾ ਕਰਨਗੇ ਅਤੇ ਅਗਲੇ ਸਾਲ 13 ਜਨਵਰੀ ਤੋਂ ਅਧਿਕਾਰਤ ਤੌਰ 'ਤੇ ਸ਼ੁਰੂ ਹੋਣ ਵਾਲੇ ਮਹਾਕੁੰਭ-2025 ਦਾ ਰਸਮੀ ਤੌਰ 'ਤੇ ਉਦਘਾਟਨ ਕਰਨਗੇ।

2 - ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਸਾਨ ਜਥੇਬੰਦੀਆਂ ਨੂੰ ਕਿਹਾ ਏ ਕਿ ਉਹ ਅੜਿਕੇ ਨੂੰ ਤੋੜਨ ਲਈ ਉਸਾਰੂ ਪਹੁੰਚ ਅਪਣਾਉਣ ਅਤੇ ਚੱਲ ਰਹੇ ਧਰਨੇ ਦਾ ਹੱਲ ਕੱਢਣ।

3 – ਦੇਸ਼ ਭਰ ਵਿੱਚ ਸੜਕ ਹਾਦਸਾ ਪੀੜਤਾਂ ਦੇ ਨਕਦੀ ਰਹਿਤ ਇਲਾਜ ਲਈ ਯੋਜਨਾ ਜਲਦ ਹੀ ਸ਼ੁਰੂ ਕੀਤੀ ਜਾਵੇਗੀ। ਪੰਜਾਬ ਅਤੇ ਚੰਡੀਗੜ੍ਹ ਵਿਚ ਇਹ ਯੋਜਨਾ ਪਹਿਲਾਂ ਹੀ ਚਲ ਰਹੀ ਏ।

4 - ਪ੍ਰਸਾਰ ਭਾਰਤੀ ਨੇ 28 ਤਰੀਕ ਤੋਂ ਸ਼ੁਰੂ ਹੋ ਰਹੀ ਹਾਕੀ ਇੰਡੀਆ ਲੀਗ ਦਾ ਲਾਈਵ ਪ੍ਰਸਾਰਣ ਮੁਹਇਆ ਕਰਨ ਲਈ ਅੱਜ ਨਵੀਂ ਦਿੱਲੀ ਵਿੱਚ ਹਾਕੀ ਇੰਡੀਆ ਨਾਲ ਇੱਕ ਸਮਝੌਤੇ 'ਤੇ ਦਸਤਖਤ ਕੀਤੇ ਨੇ।

5 - ਮੌਸਮ ਵਿਭਾਗ ਵੱਲੋਂ ਪੰਜਾਬ ਤੇ ਚੰਡੀਗੜ੍ਹ ਵਿੱਚ ਸੀਤ ਲਹਿਰ ਦਾ ਅਲਰਟ ਜਾਰੀ ਕੀਤਾ ਗਿਆ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਸੰਗਮ ਨਗਰੀ ਪ੍ਰਯਾਗਰਾਜ ਦਾ ਦੌਰਾ ਕਰਨਗੇ ਅਤੇ ਅਗਲੇ ਸਾਲ 13 ਜਨਵਰੀ ਤੋਂ ਅਧਿਕਾਰਤ ਤੌਰ 'ਤੇ ਸ਼ੁਰੂ ਹੋਣ ਵਾਲੇ ਮਹਾਕੁੰਭ-2025 ਦਾ ਰਸਮੀ ਤੌਰ 'ਤੇ ਉਦਘਾਟਨ ਕਰਨਗੇ। ਇਸ ਮੌਕੇ ਪ੍ਰਧਾਨ ਮੰਤਰੀ ਪੂਰੀ ਤਰ੍ਹਾਂ ਤਿਆਰ, ਲਗਭਗ 7 ਹਜ਼ਾਰ ਕਰੋੜ ਰੁਪਏ ਦੇ ਮਹਾਕੁੰਭ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ। ਇਸ ਵਿੱਚ ਪ੍ਰਯਾਗਰਾਜ ਵਿੱਚ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਅਤੇ ਨਿਰਵਿਘਨ ਸੰਪਰਕ ਮੁਹਇਆ ਕਰਨ ਲਈ 10 ਨਵੇਂ ਰੋਡ ਓਵਰ ਬ੍ਰਿਜ (RoBs) ਜਾਂ ਫਲਾਈਓਵਰ, ਸਥਾਈ ਘਾਟ ਅਤੇ ਦਰਿਆ ਕੰਢੇ ਸੜਕਾਂ ਆਦਿ ਵਰਗੇ ਵੱਖ-ਵੱਖ ਰੇਲ ਅਤੇ ਸੜਕ ਪ੍ਰੋਜੈਕਟ ਸ਼ਾਮਲ ਹੋਣਗੇ।

ਪ੍ਰਧਾਨ ਮੰਤਰੀ ਹੋਰਾਂ ਦੇ ਨਾਲ-ਨਾਲ ਮੁੱਖ ਮੰਦਰ ਲਾਂਘਿਆਂ ਦਾ ਵੀ ਉਦਘਾਟਨ ਕਰਨਗੇ. ਪ੍ਰਧਾਨ ਮੰਤਰੀ ਵੱਲੋਂ ਕੁੰਭ ਮੇਲਾ ਖੇਤਰ ਵਿਖੇ ਇੱਕ ਰੈਲੀ ਨੂੰ ਵੀ ਸੰਬੋਧਨ ਕਰਣ ਦਾ ਵੀ ਪ੍ਰੋਗ੍ਰਾਮ ਏ।

-----------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੇਂਦਰ ਨੂੰ ਅਪੀਲ ਕੀਤੀ ਏ ਕਿ ਉਹ ਮੁਜ਼ਾਹਰਾ ਕਰ ਰਹੇ ਕਿਸਾਨਾਂ ਨਾਲ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਦੀ ਕਾਨੂੰਨੀ ਗਾਰੰਟੀ ਅਤੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਸਮੇਤ, ਉਨ੍ਹਾਂ ਦੇ ਅਹਿਮ ਮੁੱਦਿਆਂ ਦੇ ਹੱਲ ਲਈ ਅਰਥ ਪੂਰਨ ਗੱਲਬਾਤ ਸ਼ੁਰੂ ਕਰੇ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਸਾਨ ਜਥੇਬੰਦੀਆਂ ਨੂੰ ਵੀ ਕਿਹਾ ਏ ਕਿ ਉਹ ਅੜਿਕੇ ਨੂੰ ਤੋੜਨ ਲਈ ਉਸਾਰੂ ਪਹੁੰਚ ਅਪਣਾਉਣ ਅਤੇ ਚੱਲ ਰਹੇ ਧਰਨੇ ਦਾ ਹੱਲ ਕੱਢਣ।

-----------------------------------------------------

ਭਾਰਤੀ ਫੌਜ ਦੀ ਵਜ੍ਰ ਕੋਰ, ਭਲਕੇ ਤੋਂ ਅੰਮ੍ਰਿਤਸਰ ਵਿਖੇ 1971 ਦੀ ਜੰਗ ਦੀ ਜਿੱਤ ਦੀ 53ਵੀਂ ਵਰ੍ਹੇਗੰਢ- ਵਿਜੇ ਦਿਵਸ ਮਨਾ ਰਹੀ ਏ.ਇਹ ਦਿਨ,

1971 ਵਿਚ ਪਾਕਿਸਤਾਨ ਖਿਲਾਫ਼, ਭਾਰਤੀ ਫੌਜ ਦੀ, ਜਿੱਤ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਜਿਸ ਦੇ ਸਿੱਟੇ ਵੱਜੋਂ ਬੰਗਲਾਦੇਸ਼ ਹੋਂਦ ਵਿਚ ਆਇਆ ਸੀ। **ਇੱਕ ਰਿਪੋਰਟ** –

---------------------------------------------------

ਦੇਸ਼ ਭਰ ਵਿੱਚ ਜਲਦ ਹੀ ਸੜ੍ਹਕ ਹਾਦਸਾ ਪੀੜਤਾਂ ਦੇ ਨਕਦ ਰਹਿਤ ਇਲਾਜ ਲਈ ਯੋਜਨਾ ਸ਼ੁਰੂ ਕੀਤੀ ਜਾਵੇਗੀ। ਸੜਕੀ ਆਵਾਜਾਈ ਅਤੇ ਸ਼ਾਹਰਾਹਾਂ ਬਾਰੇ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਇਹ ਗੱਲ ਕਹੀ। ਮੰਤਰੀ ਨੇ ਕਿਹਾ ਕਿ, ਪੰਜਾਬ ਅਤੇ ਚੰਡੀਗੜ੍ਹ ਸਮੇਤ ਹਰਿਆਣਾ ਅਤੇ ਤਿੰਨ ਹੋਰ ਸੂਬਿਆਂ ਵਿੱਚ ਚਲ ਰਹੀ ਇਹ ਯੋਜਨਾ ਜਲਦੀ ਹੀ ਉੱਤਰ ਪ੍ਰਦੇਸ਼ ਅਤੇ ਬਾਅਦ ਵਿੱਚ ਦੇਸ਼ ਦੇ ਬਾਕੀ ਹਿੱਸਿਆਂ ਵਿੱਚ ਸ਼ੁਰੂ ਕੀਤੀ ਜਾਵੇਗੀ। ਇਹ ਸਕੀਮ, ਸੜਕ ਹਾਦਸਿਆਂ ਦੇ ਪੀੜਤਾਂ ਨੂੰ ਹਸਪਤਾਲਾਂ ਵਿੱਚ ਡੇਢ ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਦਾ ਲਾਭ ਲੈਣ ਦੇ ਯੋਗ ਬਣਾਉਂਦੀ ਏ । ਸ਼ਾਹਰਾਹ'ਤੇ ਹਾਦਸਿਆਂ ਦੀ ਵਧ ਰਹੀ ਗਿਣਤੀ 'ਤੇ ਚਿੰਤਾ ਪ੍ਰਗਟ ਕਰਦੇ ਹੋਏ, ਮੰਤਰੀ ਨੇ ਮੈਂਬਰਾਂ ਨੂੰ ਅਜਿਹੇ ਸੜਕ ਹਾਦਸਿਆਂ ਦੇ ਕਾਰਨਾਂ

ਦੀ ਘੋਖ ਕਰਨ ਲਈ ਹਰੇਕ ਜ਼ਿਲ੍ਹੇ ਵਿੱਚ ਦੁਰਘਟਨਾਵਾਂ ਰੋਕਥਾਮ ਕਮੇਟੀਆਂ ਦਾ ਗਠਨ ਕਰਨ ਦੀ ਬੇਨਤੀ ਕੀਤੀ। ਮੰਤਰੀ ਨੇ ਕਿਹਾ ਕਿ ਪੰਜਾਬ ਸਮੇਤ ਛੇ ਰਾਜਾਂ ਵਿਚ ਜਿੱਥੇ ਇਹ ਨਕਦ ਰਹਿਤ ਇਲਾਜ ਯੋਜਨਾ ਲਾਗੂ ਕੀਤੀ ਜਾ ਚੁਕੀ ਏ ਓਥੇ ਇਸ ਯੋਜਨਾ ਰਾਹੀਂ 2,100 ਲੋਕਾਂ ਦੀ ਜਾਨ ਬਚਾਈ ਗਯੀ ਏ।

---------------------------------------------------------------

ਸੀਮਾ ਸੁਰੱਖਿਆ ਬਲ (BSF) ਵੱਲੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਬੀਤੀ ਦੇਰ ਸ਼ਾਮ ਇੱਕ ਵਿਆਪਕ ਕਾਰਵਾਈ ਦੌਰਾਨ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਜਸਰੋੜ ਨੇੜੇ ਨਸ਼ਿਆਂ ਦੇ 2 ਭਾਰਤੀ ਤਸਕਰਾਂ ਨੂੰ ਕਾਬੂ ਕੀਤਾ ਗਿਆ। ਇਨ੍ਹਾਂ ਦੇ ਕਬਜ਼ੇ ਵਿੱਚੋਂ 37ਹਜ਼ਾਰ ਰੁਪਏ ਦੀ ਡ੍ਰਗ ਮਨੀ ਸਮੇਤ ਮੋਬਾਈਲ ਫ਼ੋਨ ਅਤੇ 2 ਛੋਟੀਆਂ ਤੋਲਣ ਵਾਲੀਆਂ ਮਸ਼ੀਨਾਂ ਬਰਾਮਦ ਕੀਤੀਆਂ ਗਈਆਂ ਨੇ.  ਦੋਵਾਂ ਨੂੰ ਅਗਲੇਰੀ ਜਾਂਚ ਲਈ ਪੰਜਾਬ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ।

---------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਮੰਤਰੀ ਡਾ:

ਬਲਜੀਤ ਕੌਰ ਨੇ ਕਿਹਾ ਏ ਕਿ, ਇੱਕ ਕਮਰੇ ਵਿੱਚ ਚੱਲ ਰਹੇ PLAYWAY ਸਕੂਲ ਪੂਰੀ ਤਰ੍ਹਾਂ ਬੰਦ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ, ਸੂਬੇ ਵਿੱਚ ਤਿੰਨ ਤੋਂ ਛੇ ਸਾਲ ਤੱਕ ਦੇ ਬੱਚਿਆਂ ਦੀ ਸਿਹਤ ਦਾ ਪੂਰਾ ਧਿਆਨ ਰੱਖਿਆ ਜਾਵੇਗਾ। ਡਾ: ਬਲਜੀਤ ਕੌਰ ਨੇ ਸਪੱਸ਼ਟ ਰੂਪ 'ਚ ਕਿਹਾ ਕਿ, ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਅਜਿਹੇ ਸਕੂਲਾਂ ਵਿੱਚ ਸੀ.ਸੀ.ਟੀ.ਵੀ ਕੈਮਰਿਆਂ ਤੋਂ ਇਲਾਵਾ ਖੇਡਾਂ ਲਈ ਮੈਦਾਨ ਹੋਣਾ ਵੀ ਲਾਜ਼ਮੀ ਏ। ਡਾ: ਕੌਰ ਨੇ ਦੱਸਿਆ ਕਿ PLAYWAY ਸਕੂਲਾਂ ਲਈ, ਆਨਲਾਈਨ ਰਜਿਸਟ੍ਰੇਸ਼ਨ ਲਈ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਨੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਾਣਕਾਰੀ ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਵਿਭਾਗ ਦੀ ਅਧਿਕਾਰਤ ਵੈੱਬਸਾਈਟ 'ਤੇ ਅਪਲੋਡ ਕੀਤੀ ਜਾਵੇਗੀ। ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ, ਉਹ ਆਪਣੇ ਬੱਚਿਆਂ ਨੂੰ ਦਾਖਲ ਕਰਾਉਣ ਤੋਂ ਪਹਿਲਾਂ, ਇਹ ਜਾਂਚ ਕਰਨ ਕਿ, ਸਕੂਲ ਰਜਿਸਟਰਡ ਏ ਜਾਂ ਨਹੀਂ ।

---------------------------------------------------------------------

Jalandhar ਦੇਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਭਾਰਤ ਰਤਨ, ਡਾ. ਬੀ.ਆਰ.ਅੰਬੇਡਕਰ ਨੂੰ ਸਮੁੱਚੀ ਮਨੁੱਖਤਾ ਦਾ ਮਹਾਨ ਆਗੂ ਦੱਸਦਿਆਂ ਕਿਹਾ ਕਿ ਬਾਬਾ ਸਾਹਿਬ ਨੇ ਸਮੁੱਚੇ ਦੇਸ਼ ਨੂੰ ਇੱਕ ਧਾਗੇ ਵਿੱਚ ਪਰੋਂਦਿਆ ਬਰਾਬਰੀ ਵਾਲੇ ਸਮਾਜ 'ਤੇ ਆਧਾਰਿਤ ਵਿਸ਼ਵ ਦੇ ਸਭ ਤੋਂ ਵੱਡੇ ਲੋਕਰਾਜ ਦਾ ਸੰਵਿਧਾਨ ਦਿੱਤਾ।ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਦੇ 68ਵੇਂ ਮਹਾ ਪਰੀਨਿਰਵਾਣ ਦਿਵਸ ਨੂੰ ਸਮਰਪਿਤ, ਇੱਥੇ ਰੈੱਡ ਕਰਾਸ ਭਵਨ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਡਾ. ਅੰਬੇਡਕਰ ਨੂੰ ਵਿਦਵਾਨ, ਕਾਨੂੰਨਦਾਨ, ਅਰਥ ਸ਼ਾਸਤਰੀ, ਸਮਾਜ ਸੁਧਾਰਕ ਅਤੇ ਰਾਜਨੇਤਾ ਦੱਸਿਆ, ਜੋ ਆਪਣੀ ਦੂਰਅੰਦੇਸ਼ੀ ਅਤੇ ਮਨੁੱਖਤਾਵਾਦੀ ਪਹੁੰਚ ਲਈ ਸਮੁੱਚੀ ਮਾਨਵਤਾ ਵੱਲੋਂ ਸਤਿਕਾਰੇ ਜਾਂਦੇ ਨੇ. ਡਾ. ਅਗਰਵਾਲ ਨੇ ਕਿਹਾ ਕਿ ਆਦਰਸ਼ ਸਮਾਜ ਦੀ ਸਿਰਜਣਾ ਲਈ ਸਾਨੂੰ ਸਾਰਿਆਂ ਨੂੰ, ਬਾਬਾ ਸਾਹਿਬ ਦੇ ਫ਼ਲਸਫੇ ਅਤੇ ਸਿੱਖਿਆਵਾਂ ਨੂੰ ਆਪਣੇ ਜੀਵਨ ਵਿਚ

ਅਪਨਾਉਣ ਦੀ ਲੋੜ ਏ। ਉਨ੍ਹਾਂ ਅੱਗੇ ਕਿਹਾ ਕਿ ਸਾਡੇ ਦੇਸ਼ ਦੇ ਵਿਕਾਸ ਵਿੱਚ ਡਾ. ਅੰਬੇਡਕਰ ਦਾ ਯੋਗਦਾਨ ਇੰਨਾ ਮਹਾਨ ਏ ਕਿ ਉਨ੍ਹਾਂ ਨੂੰ ਸਦੀਆਂ ਬਾਅਦ ਵੀ ਵਿਸ਼ਵ ਭਰ ਵਿੱਚ ਯਾਦ ਕੀਤਾ ਜਾਵੇਗਾ।

---------------------------------------------------------------

ਪ੍ਰਸਾਰ ਭਾਰਤੀ ਨੇ 28 ਤਰੀਕ ਤੋਂ ਸ਼ੁਰੂ ਹੋ ਰਹੀ ਹਾਕੀ ਇੰਡੀਆ ਲੀਗ ਦਾ ਲਾਈਵ ਪ੍ਰਸਾਰਣ ਮੁਹਇਆ ਕਰਨ ਲਈ ਅੱਜ ਨਵੀਂ ਦਿੱਲੀ ਵਿੱਚ ਹਾਕੀ ਇੰਡੀਆ ਨਾਲ ਇੱਕ ਸਮਝੌਤੇ 'ਤੇ ਦਸਤਖਤ ਕੀਤੇ। ਇਸ ਸਹਿਮਤੀ ਪੱਤਰ ਦੇ ਨਾਲ, ਦੂਰਦਰਸ਼ਨ, ਹਾਕੀ ਇੰਡੀਆ ਲੀਗ (HIL) 2024-25 ਲਈ ਅਧਿਕਾਰਤ ਪ੍ਰਸਾਰਣ ਭਾਈਵਾਲ ਬਣ ਗਿਆ ਏ । ਇਹ ਲੀਗ Rourkela, Odisha ਅਤੇ Ranchi, Jharkhan ਵਿੱਚ ਸ਼ੁਰੂ ਹੋਵੇਗੀ ।ਇਸ ਮੌਕੇ HIL ਪ੍ਰਬੰਧਕੀ ਕਮੇਟੀ ਦੇ ਮੈਂਬਰ ਭੋਲਾ ਨਾਥ ਸਿੰਘ ਨੇ ਕਿਹਾ ਕਿ ਏ ਹਾਕੀ ਦੇਸ਼ ਲਈ ਸਿਰਫ਼ ਇੱਕ ਖੇਡ ਹੀ ਨਹੀਂ ਸਗੋਂ ਦੇਸ਼ ਦੀ ਏਕਤਾ ਅਤੇ ਮਾਣ ਦਾ ਪ੍ਰਤੀਕ ਵੀ ਏ । ਓਹਨਾਂ ਅੱਗੇ ਕਿਹਾ ਕਿ HIL ਦੂਰਦਰਸ਼ਨ ਨਾਲ ਭਾਈਵਾਲੀ ਤੋਂ ਬਾਅਦ HIL ਦਾ ਇੱਕ ਸ਼ਾਨਦਾਰ ਸੀਜ਼ਨ ਪੇਸ਼ ਕਰਨ ਲਈ ਤਿਆਰ ਏ । ਪ੍ਰਸਾਰ ਭਾਰਤੀ ਦੇ

ਚੇਅਰਮੈਨ ਨਵਨੀਤ ਸਹਿਗਲ ਨੇ ਆਪਣੀ ਟਿੱਪਣੀ ਵਿੱਚ ਇਸ ਸਮਝੌਤੇ ਨੂੰ ਹਾਕੀ ਦੇ ਇਤਿਹਾਸ ਵਿੱਚ ਇੱਕ ਵੱਡਾ ਮੀਲ ਪੱਥਰ ਕਰਾਰ ਦਿੱਤਾ ਏ। ਉਨ੍ਹਾਂ ਕਿਹਾ ਕਿ ਇਸ ਸਮਝੌਤੇ ਤਹਿਤ ਰਾਸ਼ਟਰੀ ਖੇਡ ਹਾਕੀ, ਪੇਂਡੂ ਭਾਰਤ ਸਮੇਤ ਦੇਸ਼ ਭਰ ਵਿੱਚ ਪਹੁੰਚੇਗੀ।

**Byte -**

ਪ੍ਰਸਾਰ ਭਾਰਤੀ ਦੇ ਸੀਈਓ, ਗੌਰਵ ਦਿਵੇਦੀ ਦਾ ਕਹਿਣਾ ਏ ਕਿ ਦੂਰਦਰਸ਼ਨ ਨੂੰ ਹਾਕੀ ਇੰਡੀਆ ਲੀਗ ਨਾਲ ਭਾਈਵਾਲੀ ਕਰਨ ਦਾ ਮਾਣ ਪ੍ਰਾਪਤ ਹੋਇਆ ਏ. ਓਹਨਾਂਅੱਗੇ ਕਿਹਾ ਕਿ, ਪ੍ਰਸਾਰ ਭਾਰਤੀ ਦੀ ਵਿਆਪਕ ਕਵਰੇਜ ਦੇ ਜ਼ਰੀਏ, ਸਾਡਾ ਉਦੇਸ਼, ਔਰਤਾਂ ਦੀ HIL ਦੀ ਇਤਿਹਾਸਕ ਸ਼ੁਰੂਆਤ ਅਤੇ ਲੀਗ ਦੇ ਪ੍ਰਭਾਵ ਨੂੰ ਵਧਾਉਣ ਸਮੇਤ ਹਾਕੀ ਦੀ ਭਾਵਨਾ ਨੂੰ ਮਜ਼ਬੂਤੀ ਦੇਣਾ ਏ. ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਇਸ ਸਾਲ ਦਾ ਹਾਕੀ ਐਡੀਸ਼ਨ, ਇਤਿਹਾਸਕ ਏ ਕਿਉਂਕਿ ਇਹ ਮਰਦਾਂ ਦੇ ਮੁਕਾਬਲੇ ਦੇ ਨਾਲ-ਨਾਲ ਔਰਤਾਂ ਦੀ ਹਾਕੀ ਇੰਡੀਆ ਲੀਗ ਦੇ ਉਦਘਾਟਨੀ ਸੀਜ਼ਨ ਨੂੰ ਦਰਸਾਉਂਦਾ ਏ। ਸਹਿਮਤੀ ਪੱਤਰ ਦੇ ਵਟਾਂਦਰੇ ਦੇ ਸਮਾਰੋਹ ਵਿੱਚ ਆਕਾਸ਼ਵਾਣੀ ਖਬਰਾਂ ਦੇ ਡਾਇਰੈਕਟਰ ਜਨਰਲ ਡਾ.

ਪ੍ਰਗਿਆ ਪਾਲੀਵਾਲ ਗੌੜ, ਦੂਰਦਰਸ਼ਨ ਦੇ ਡਾਇਰੈਕਟਰ ਜਨਰਲ ਕੰਚਨ ਪ੍ਰਸ਼ਾਦ, ਦੂਰਦਰਸ਼ਨ ਨਿਊਜ਼ ਦੇ ਡਾਇਰੈਕਟਰ ਜਨਰਲ ਪ੍ਰਿਆ ਕੁਮਾਰ ਅਤੇ ਪ੍ਰਸਾਰ ਭਾਰਤੀ ਅਤੇ ਹਾਕੀ ਇੰਡੀਆ ਦੇ ਹੋਰ ਸੀਨੀਅਰ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ।

---------------------------------------------------

ਪਹਾੜੀ ਇਲਾਕਿਆਂ ਵਿੱਚ ਬਰਫਵਾਰੀ ਹੋਣ ਕਾਰਣ ਪੰਜਾਬ ਦੇ ਰਾਤ ਦੇ ਤਾਪਮਾਨ ਵਿੱਚ ਲਗਾਤਾਰ ਗਿਰਾਵਟ ਦਰਜ ਹੋਣ ਠੰਡ ਦਾ ਜ਼ੋਰ ਵਧ ਰਿਹਾ ਏ । ਇਸ ਮੌਸਮ ਵਿੱਚ ਬਿਮਾਰੀਆਂ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਸਲਾਹ ਜਾਰੀ ਕੀਤੀ ਗਈ ਏ ਜਿਸ ਵਿਚ ਬਜ਼ੁਰਗਾਂ ਅਤੇ ਛੋਟੇ ਬਚਿਆਂ ਨੂੰ ਸੀਤ ਲਹਿਰ ਤੋਂ ਬਚਾਉਣ ਦੀ ਕੋਸ਼ਿਸ਼ ਕਰਣ ਦੀ ਅਪੀਲ ਕੀਤੀ ਗਈ ਏ । ਉਹਨਾਂ ਨੂੰ ਠੰਡ ਲੱਗਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਨੇ, ਇਸ ਲਈ ਬਜ਼ੁਰਗ ਅਤੇ ਦਿਲ ਦੇ ਰੋਗਾਂ ਦੇ ਮਰੀਜ਼ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ, ਜ਼ਿਆਦਾ ਠੰਡ ਅਤੇ ਧੁੰਦ ਹੋਣ ਤੇ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨ ਅਤੇ ਸੀਤ ਲਹਿਰ ਦੇ ਮੱਦੇਨਜਰ ਦੁਪਈਆ ਵਾਹਨ ਦੀ ਵਰਤੋ ਘੱਟ ਕੀਤੀ ਜਾਵੇ।

ਛੋਟੇ ਬੱਚਿਆਂ ਨੂੰ ਇਸ ਮੌਸਮ ਵਿੱਚ ਨਿਮੋਨੀਆ ਹੋਣ ਦਾ ਖਤਰਾ ਜਿਆਦਾ ਰਹਿੰਦਾ ਏ ਅਤੇ ਠੰਡ ਲੱਗਣ ਨਾਲ ਛੋਟੇ ਬੱਚਿਆਂ ਨੂੰ ਉਲਟੀ, ਦਸਤ ਵੀ ਲੱਗ ਸਕਦੇ ਨੇ,  ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖਾਸ ਧਿਆਨ ਦਿੰਦੇ ਹੋਏ ਠੰਡ ਤੋਂ ਬਚਾਅ ਲਈ ਛੋਟੇ ਬੱਚਿਆਂ ਨੂੰ ਪੂਰੀ ਤਰ੍ਹਾਂ ਸਰੀਰ ਢੱਕਣ ਵਾਲੇ ਗਰਮ ਕੱਪੜੇ ਪਾਏ ਜਾਣ। ਸਰਦੀ ਦੇ ਮੌਸਮ ਵਿੱਚ ਘਰਾਂ ਵਿੱਚ ਬੰਦ ਕਮਰੇ ਵਿੱਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੀ ਜਾਵੇ, ਕਿਉਂਕਿ ਅੱਗ ਬਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਏ ਅਤੇ ਜਿਸ ਨਾਲ ਬੰਦ ਕਮਰੇ ਵਿੱਚ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਏ । ਠੰਡ ਵਿਚ ਕੰਬਣੀ ਆਉਣ ਨੂੰ ਵੀ ਨਜਰਅੰਦਾਜ਼ ਨਾ ਕੀਤਾ ਜਾਵੇ। ਜੇਕਰ ਕੋਈ ਅਜਿਹਾ ਲੱਛਣ ਦਿਖਾਈ ਦਿੰਦਾ ਏ ਤਾਂ ਨੇੜੇ ਦੀ ਸਿਹਤ ਸੰਸਥਾ ਵਿੱਚ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਏ।

---------------------------------------------------------

ਮੌਸਮ ਵਿਭਾਗ ਵੱਲੋਂ ਪੰਜਾਬ ਤੇ ਚੰਡੀਗੜ੍ਹ ਵਿੱਚ ਸੀਤ ਲਹਿਰ ਦਾ ਅਲਰਟ ਜਾਰੀ ਕੀਤਾ ਗਿਆ ਏ । ਮੌਸਮ ਵਿਗਿਆਨ ਕੇਂਦਰ

ਅਨੁਸਾਰ 15 ਦਸੰਬਰ ਤਾਪਮਾਨ ਵਿੱਚ ਗਿਰਾਵਟ ਜਾਰੀ ਰਹੇਗੀ । ਮੌਸਮ ਵਿਗਿਆਨ ਵਿਭਾਗ ਅਨੁਸਾਰ ਅੱਜ ਪੰਜਾਬ ਦੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ , ਮੁਕਤਸਰ, ਬਠਿੰਡਾ, ਮਾਨਸਾ, ਸੰਗਰੂਰ, ਰੂਪਨਗਰ ਅਤੇ ਐਸਏਐਸ ਨਗਰ ਵਿੱਚ ਠੰਢ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਇਥੇ ਤਾਪਮਾਨ 2 ਤੋਂ 8 ਡਿਗਰੀ ਤੱਕ ਘਟਣ ਦੀ ਸੰਭਾਵਨਾ ਏ । ਪਹਾੜਾਂ ’ਤੇ ਹੋ ਰਹੀ ਬਰਫਬਾਰੀ ਦੇ ਕਾਰਨ ਪੰਜਾਬ ਵਿੱਚ ਤਾਪਮਾਨ ਲਗਾਤਾਰ ਘਟ ਰਿਹਾ ਏ। ਇਸ ਦੇ ਨਾਲ ਹੀ, ਆਉਣ ਵਾਲੇ ਇਕ ਹਫਤੇ ਤੱਕ ਮੀਂਹ ਪੈਣ ਦੇ ਕੋਈ ਸੰਕੇਤ ਨਹੀਂ ਨੇ, ਜਿਸ ਕਾਰਨ ਮੌਸਮ ਖੁਸ਼ਕ ਬਣਿਆ ਹੋਇਆ ਏ ।

---------------------------------------------------------------

## **ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

1 – ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਪ੍ਰਯਾਗਰਾਜ ਦਾ ਦੌਰਾ ਕਰਨਗੇ ਅਤੇ ਅਗਲੇ ਸਾਲ 13 ਜਨਵਰੀ ਤੋਂ ਅਧਿਕਾਰਤ ਤੌਰ 'ਤੇ ਸ਼ੁਰੂ ਹੋਣ ਵਾਲੇ ਮਹਾਕੁੰਭ-2025 ਦਾ ਰਸਮੀ ਤੌਰ 'ਤੇ ਉਦਘਾਟਨ ਕਰਨਗੇ।

2 - ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਸਾਨ ਜਥੇਬੰਦੀਆਂ ਨੂੰ  ਕਿਹਾ ਏ ਕਿ ਉਹ ਅੜਿਕੇ ਨੂੰ ਤੋੜਨ ਲਈ ਉਸਾਰੂ ਪਹੁੰਚ ਅਪਣਾਉਣ ਅਤੇ ਚੱਲ ਰਹੇ ਧਰਨੇ ਦਾ ਹੱਲ ਕੱਢਣ।

3 – ਦੇਸ਼ ਭਰ ਵਿੱਚ ਸੜਕ ਹਾਦਸਾ ਪੀੜਤਾਂ ਦੇ ਨਕਦੀ ਰਹਿਤ ਇਲਾਜ ਲਈ ਯੋਜਨਾ ਜਲਦ ਹੀ ਸ਼ੁਰੂ ਕੀਤੀ ਜਾਵੇਗੀ। ਪੰਜਾਬ ਅਤੇ ਚੰਡੀਗੜ੍ਹ ਵਿਚ ਇਹ ਯੋਜਨਾ ਪਹਿਲਾਂ ਹੀ ਚਲ ਰਹੀ ਏ .

4 - ਪ੍ਰਸਾਰ ਭਾਰਤੀ ਨੇ 28 ਤਰੀਕ ਤੋਂ ਸ਼ੁਰੂ ਹੋ ਰਹੀ ਹਾਕੀ ਇੰਡੀਆ ਲੀਗ ਦਾ ਲਾਈਵ ਪ੍ਰਸਾਰਣ ਮੁਹਇਆ ਕਰਨ ਲਈ ਅੱਜ ਨਵੀਂ ਦਿੱਲੀ ਵਿੱਚ ਹਾਕੀ ਇੰਡੀਆ ਨਾਲ ਇੱਕ ਸਮਝੌਤੇ 'ਤੇ ਦਸਤਖਤ ਕੀਤੇ ਨੇ।

5 - ਮੌਸਮ ਵਿਭਾਗ ਵੱਲੋਂ ਪੰਜਾਬ ਤੇ ਚੰਡੀਗੜ੍ਹ ਵਿੱਚ ਸੀਤ ਲਹਿਰ ਦਾ ਅਲਰਟ ਜਾਰੀ ਕੀਤਾ ਗਿਆ ਏ।